ਸੂਚਨਾ ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫਾਜ਼ਿਲਕਾ

# ਸਿਹਤ ਵਿਭਾਗ ਵੱਲੋਂ ਲੋਕਾਂ ਨੂੰ ਵਧੀਆਂ ਸਿਹਤ ਸੇਵਾਵਾਂ ਦੇਣ ਲਈ ਹਰ ਸੰਭਵ ਕੋਸ਼ਿਸ ਜਾਰੀ-ਸਿਵਲ ਸਰਜਨ

## *ਸਿਵਲ ਸਰਜਨ ਨੇ ਖੂਈ ਖੇੜਾ ਦੇ ਸੀ.ਐਚ.ਸੀ ਅਤੇ ਅਬੋਹਰ ਦੇ ਸਿਵਲ ਹਸਪਤਾਲ ਦੇ ਫਲੂ ਕਾਰਨਰ ਅਤੇ ਆਈਸੋਲੇਸ਼ਨ ਦਾ ਜਾਇਜ਼ਾ ਲਿਆ

ਫਾਜ਼ਿਲਕਾ, 7 ਅਪ੍ਰੈਲ:

ਕੋਵਿਡ-A। ਤਹਿਤ ਰਾਜ ਸਰਕਾਰ ਦੀਆਂ ਹਦਾਇਤਾਂ ਤਹਿਤ ਲੋਕ ਹਿੱਤਾਂ ਨੂੰ ਧਿਆਨ 'ਚ ਰੱਖ ਕੇ ਹਰੇਕ ਜ਼ਿਲ੍ਹਾ ਪੱਧਰ 'ਤੇ ਕਰਫਿਊ ਲਗਾਇਆ ਗਿਆ ਹੈ। ਜ਼ਿਲ੍ਹਾ ਮੈਜਿਸਟ੍ਰੇਟ ਸ੍ਰੀ ਅਰਵਿੰਦ ਪਾਲ ਸਿੰਘ ਸੰਧੂ ਦੇ ਹੁਕਮਾਂ ਤਹਿਤ ਜ਼ਿਲ੍ਹਾ ਫਾਜ਼ਿਲਕਾ ਅੰਦਰ 14 ਅਪ੍ਰੈਲ ਤੱਕ ਕਰਫਿਊ ਜਾਰੀ ਹੈ ਅਤੇ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਅੰਦਰ ਰਹਿਣ ਅਤੇ ਹਰੇਕ ਲੋੜੀਂਦੀ ਸੁਵਿਧਾ ਘਰਾਂ ਤੱਕ ਪਹੁੰਚਾਉਣ ਲਈ ਯੋਜਨਾਬੰਦ ਤਰੀਕੇ ਨਾਲ ਸਪਲਾਈ ਪਹੁੰਚਾਈ ਜਾ ਰਹੀ ਹੈ, ਉਥੇ ਸਿਹਤ ਵਿਭਾਗ ਵੱਲੋਂ ਲੋਕਾਂ ਨੂੰ ਵਧੀਆਂ ਸਿਹਤ ਸੇਵਾਵਾਂ ਦੇਣ ਲਈ ਹਰ ਸੰਭਵ ਕੋਸ਼ਿਸ ਜਾਰੀ ਹੈ।

ਇਸ ਸਬੰਧੀ ਹੋਰ ਵਧੇਰੇ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ. ਸੁਰਿੰਦਰ ਸਿੰਘ ਨੇ ਦੱਸਿਆ ਕਿ ਇਸ ਸੰਕਟ ਦੀ ਘੜੀ ਅੰਦਰ ਸਿਹਤ ਵਿਭਾਗ ਦੀਆਂ ਡਾਕਟਰੀ ਟੀਮਾਂ ਅਤੇ ਹੋਰ ਅਮਲਾ ਪੂਰੀ ਤਨਦੇਹੀ ਨਾਲ ਆਪਣੀ ਡਿਊਟੀ ਨਿਭਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਸਮੇਂ ਸਮੇਂ 'ਤੇ ਜ਼ਿਲੇ ਦੇ ਵੱਖ ਵੱਖ ਸਰਕਾਰੀ ਹਸਪਤਾਲਾਂ ਅਤੇ ਪੀ.ਐਚ.ਸੀ. ਸੀ.ਐਚ.ਸੀ ਵਿਖੇ ਪਹੁੰਚ ਕਰਕੇ ਸਿਹਤ ਸੁਵਿਧਾਵਾਂ ਦਾ ਜਾਇਜ਼ਾ ਲਿਆ ਜਾ ਰਿਹਾ ਹੈ, ਤਾਂ ਜੋ ਲੋਕਾਂ ਨੂੰ ਕਿਸੇ ਵੀ ਦਰਪੇਸ਼ ਸਮੱਸਿਆ ਦਾ ਸਾਮ੍ਹਣਾ ਨਾ ਕਰਨਾ ਪਵੇ। ਉਨ੍ਹਾਂ ਦੱਸਿਆ ਕਿ ਸਿਹਤ ਵਿਭਾਗ ਦੇ ਦਰਜ਼ਾ ਚਾਰ, 108 ਦੇ ਸਟਾਫ਼ ਅਤੇ ਹੋਰ ਅਮਲੇ ਨੂੰ ਲੋਕ ਸੇਵਾ ਦੇ ਇਸ ਕਾਰਜ਼ ਅੰਦਰ ਵੱਧ ਚੜ੍ਹ ਕੇ ਡਿਊਟੀ ਕਰਨ ਲਈ ਉਤਸ਼ਾਹਿਤ ਕੀਤਾ ਜਾ ਰਿਹਾ ਹੈ।

ਉਨ੍ਹਾਂ ਦੱਸਿਆ ਕਿ ਅੱਜ ਨਿੱਜੀ ਤੌਰ 'ਤੇ ਖੂਈ ਖੇੜਾ ਦੇ ਸੀ.ਐਚ.ਸੀ ਅਤੇ ਅਬੋਹਰ ਦੇ ਸਿਵਲ ਹਸਪਤਾਲ ਦੇ ਫਲੂ ਕਾਰਨਰ ਅਤੇ ਆਈਸੋਲੇਸ਼ਨ ਦਾ ਜਾਇਜ਼ਾ ਲਿਆ ਗਿਆ ਅਤੇ ਸਮੁੱਚੇ ਸਟਾਫ਼ ਨੂੰ ਕਰੋਨਾ ਵਾਈਰਸ ਦੇ ਹਰੇਕ ਸ਼ੱਕੀ ਮਰੀਜ਼ ਦੀ ਨਿਰਪੱਖ ਢੰਗ ਨਾਲ ਜਾਂਚ ਕਰਕੇ ਲੋੜ ਪੈਣ 'ਤੇ ਸਿਵਲ ਹਸਪਤਾਲ ਫਾਜ਼ਿਲਕਾ ਵਿਖੇ ਸੈਂਪਲ ਲੈਣ ਲਈ ਭੇਜਣ ਦੇ ਆਦੇਸ਼ ਜਾਰੀ ਕੀਤੇ ਗਏ। ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਦੀ ਇਸ ਔਖੇ ਸਮੇਂ ਦੌਰਾਨ ਡਿਊਟੀ ਦੇ ਨਾਲ ਪੂਰੀ ਜਿੰਮਵਾਰੀ ਬਣਦੀ ਹੈ ਕਿ ਮਰੀਜ਼ ਅਤੇ ਉਸਦੇ ਸਾਕ ਸਬੰਧੀਆਂ ਨੂੰ ਬਿਮਾਰੀ ਦੇ ਲੱਛਣਾ ਅਤੇ ਬਚਾਅ ਬਾਰੇ ਪੂਰੀ ਤਰ੍ਹਾਂ ਜਾਣੂ ਕਰਵਾਇਆ ਜਾਵੇ।

**ਤਸਵੀਰਾਂ**

**ਸਿਵਲ ਸਰਜਨ ਡਾ. ਸੁਰਿੰਦਰ ਸਿੰਘ ਖੂਈ ਖੇੜਾ ਦੇ ਸੀ.ਐਚ.ਸੀ ਅਤੇ ਅਬੋਹਰ ਦੇ ਸਿਵਲ ਹਸਪਤਾਲ ਦੇ ਫਲੂ ਕਾਰਨਰ ਅਤੇ ਆਈਸੋਲੇਸ਼ਨ ਦਾ ਜਾਇਜ਼ਾ ਲੈਂਦੇ ਹੋਏ।**

ਸੂਚਨਾ ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫਾਜ਼ਿਲਕਾ

**ਵਿਸ਼ਵ ਸਿਹਤ ਦਿਵਸ ’ਤੇ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਨਿਰਦੇਸ਼ ਜਾਰੀ**

# ਕੋਵਿਡ 19 ਦੀ ਮਹਾਮਾਰੀ ਨਾਲ ਲੜਾਈ ਵਿੱਚ ਸਿਹਤ ਸਟਾਫ ਵਲੋਂ ਮਹਤਵਪੂਰਣ ਭੂਮਿਕਾ ਨਿਭਾਈ ਜਾ ਰਹੀ - ਸਿਵਲ ਸਰਜਨ

*** ਲੋਕ ਪ੍ਰਸ਼ਾਸਨ ਤੇ ਸਿਹਤ ਵਿਭਾਗ ਵਲੋਂ ਜਾਰੀ ਹਦਾਇਤਾਂ ਦਾ ਪਾਲਣ ਜ਼ਰੂਰ ਕਰਨ**

*** ਨਰਸਿੰਗ ਸਟਾਫ ਸਿਹਤ ਵਿਭਾਗ ਦਾ ਅਧਾਰ-ਸੁਰਿੰਦਰ ਸਿੰਘ**

ਫਾਜ਼ਿਲਕਾ, 7 ਅਪ੍ਰੈਲ:

ਵਿਸ਼ਵ ਸਿਹਤ ਦਿਵਸ ’ਤੇ ਆਪਣੇ ਵਿਚਾਰ ਪ੍ਰਗਟ ਕਰਦਿਆਂ ਸਿਵਲ ਸਰਜਨ ਡਾ ਸੁਰਿੰਦਰ ਸਿੰਘ ਨੇ ਦੱਸਿਆ ਕਿ ਹਰ ਸਾਲ ਵਿਸਵ ਸਿਹਤ ਸੰਸਥਾ ਵੱਲੋਂ ਸਾਰੀ ਦੁਨੀਆਂ ਵਿੱਚ 7 ਅਪ੍ਰੈਲ ਨੂੰ ਵਿਸਵ ਸਿਹਤ ਦਿਵਸ ਮਨਾਇਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਸਿਹਤ ਸਬੰਧੀ ਜਾਗਰੂਕਤਾ ਲਿਆਉਣਾ ਹੀ ਇਸ ਦਿਨ ਦਾ ਮਹਤਵ ਹੈ। ਉਨ੍ਹਾਂ ਕਿਹਾ ਕਿ ਸਿਹਤ ਬਾਰੇ ਲੋਕਾਂ ਨੂੰ ਸੈਮੀਨਾਰ, ਨਾਟਕ, ਰੇਡੀਓ, ਟੀ ਵੀ ਅਤੇ ਹੋਰਨਾਂ ਸਾਧਨਾ ਰਾਹੀਂ ਜਾਗਰੂਕ ਕੀਤਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਚੰਗੀ ਸਿਹਤ ਹੀ ਸਮਾਜ ਤੇ ਦੇਸ਼ ਦੀ ਤਰਕੀ ਅਤੇ ਖੁਸਹਾਲੀ ਦਾ ਅਧਾਰ ਹੈ। ਉਨ੍ਹਾਂ ਕਿਹਾ ਕਿ ਸਿਹਤਮੰਦ ਖਾਣਾ ਪੀਣਾ, ਸਰੀਰਕ ਗਤੀਵਿਧੀਆਂ, ਨਿਜੀ ਤੇ ਆਲੇ ਦੁਆਲੇ ਦੀ ਸਫਾਈ ਰਖ ਕੇ ਅਸੀ ਤੰਦਰੁਸਤ ਰਹਿ ਸਕਦੇ ਹਾਂ।

ਉਨ੍ਹਾਂ ਕਿਹਾ ਕਿ ਵਿਸ਼ਵ ਸਿਹਤ ਦਿਵਸ ਦੇ ਮੌਕੇ ’ਤੇ ਇਸ ਵਾਰ ਦਾ ਵਿਸ਼ਾ “ਨਰਸਿੰਗ ਸਟਾਫ ਸਿਹਤ ਵਿਭਾਗ ਦਾ ਅਧਾਰ” ਹ। ਉਨ੍ਹਾਂ ਕਿਹਾ ਕਿ ਕੋਵਿਡ 19 ਵਰਗੀ ਮਹਾਮਾਰੀ ਨਾਲ ਲੜਾਈ ਵਿੱਚ ਨਰਸਿੰਗ ਸਟਾਫ ਵਲੋਂ ਬਹੁਤ ਮਹਤਵਪੂਰਣ ਭੂਮਿਕਾ ਨਿਭਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਨਰਸਿੰਗ ਸਟਾਫ ਦਿਨ ਰਾਤ ਆਪਣੀਆ ਡਿਊਟੀਆਂ ਨਿਭਾ ਕੇ ਆਪਣੇ ਦੇਸ਼ ਤੇ ਕੌਮ ਦੇ ਪ੍ਰਤੀ ਜਿੰਮੇਵਾਰੀ ਨਿਭਾ ਰਹੀਆ ਹਨ। ਉਨ੍ਹਾਂ ਕਿਹਾ ਕਿ ਇਸੇ ਤਰਾਂ ਫੀਲਡ ਸਟਾਫ, ਵਰਕਰ, ਸੁਪਰਵਾਈਜਰ ਘਰ-ਘਰ ਜਾ ਕੇ ਇਸ ਮਹਾਮਾਰੀ ਨਾਲ ਟਾਕਰਾ ਕਰ ਕੇ ਲੋਕਾਂ ਦੀ ਸਿਹਤ ਦੇ ਸਿਪਾਹੀ ਬਣ ਕੇ ਆਪਣਾ ਫਰਜ ਨਿਭਾ ਰਹੇ ਹਨ। ਉਨ੍ਹਾਂ ਕਿਹਾ ਕਿ ਜ਼ਰੂਰਤ ਹੈ ਸਿਹਤ ਕਰਮਚਾਰੀਆਂ ਨੂੰ ਸਹਯੋਗ ਦੇਣ ਤੇ ਇਹਨਾ ਦੀ ਹੌਂਸਲਾ ਅਫਜਾਈ ਕਰਨ ਦੀ ਤਾ ਜੋ ਅਸੀਂ ਕੋਵਿਡ 19 ਮਹਾਮਾਰੀ ਨੂੰ ਹਰਾ ਸਕੀਏ।

ਇਸ ਮੌਕੇ ਜ਼ਿਲਾ ਮਾਸ ਮੀਡੀਆ ਅਫਸਰ ਅਨਿਲ ਧਾਮੂ ਨੇ ਕਿਹਾ ਕਿ ਸੂਚਨਾ ਦੇ ਸਾਧਨਾ ਦੀ ਸਹੀ ਵਰਤੋਂ ਕਰਕੇ ਸਿਹਤ ਵਿਭਾਗ ਦੇ ਅਧਿਕਾਰੀ ਤੇ ਕਰਮਚਾਰੀ ਦਿਨ ਰਾਤ ਲੋਕਾਂ ਨਾਲ ਰਾਬਤਾ ਕਾਇਮ ਕਰ ਕੇ ਸਹੀ ਸੂਚਨਾ ਲੋਕਾ ਤਕ ਪਹੁੰਚਾਣ ਵਿਚ ਅਹਿਮ ਰੋਲ ਨਿਭਾ ਰਹੇ ਹਨ। ਉਨ੍ਹਾਂ ਕਿਹਾ ਕਿ ਕੋਵਿਡ AI ਨੂੰ ਹਰਾਉਣ ਲਈ ਸਿਹਤ ਵਿਭਾਗ ਦੇ ਅਧਿਕਾਰੀਆ ਅਤੇ ਕਰਮਚਾਰੀਆਂ ਨੇ ਕਮਰ ਕਸੀ ਹੋਈ ਹੈ, ਜ਼ਰੂਰਤ ਹੈ ਕਿ ਲੋਕ ਪ੍ਰਸ਼ਾਸਨ ਤੇ ਸਿਹਤ ਵਿਭਾਗ ਵਲੋਂ ਜਾਰੀ ਹਦਾਇਤਾਂ ਦਾ ਪਾਲਣ ਕਰਨ ਤਾਂ ਜੋ ਇਸ ਮਹਾਮਾਰੀ ਨੂੰ ਹਰਾਇਆ ਜਾ ਸਕ।

ਇਸ ਮੌਕੇ ਸਿਹਤ ਵਿਭਾਗ ਦੇ ਵੱਖ-ਵੱਖ ਬਲਾਕਾਂ ਦੇ ਬੀ.ਈ.ਈ. ਦਿਵੇਸ, ਸੁਸ਼ੀਲ, ਹਰਮੀਤ, ਮਨਬੀਰ, ਸੁਨਿਲ ਤੋਂ ਇਲਾਵਾ ਹੋਰ ਸਿਹਤ ਸਟਾਫ ਮੌਜੂਦ ਸੀ।

ਸੂਚਨ 'ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫਾਜ਼ਿਲਕਾ

**-ਕੋਵਿਡ 19-**

# ਸਿਹਤ ਵਿਭਾਗ ਦੀ ਟੀਮਾਂ ਵੱਲੋਂ ਚੈਕਿੰਗ ਦੌਰਾਨ 160 ਕਿਲੋਂ ਖਰਾਬ ਸ਼ਬਜੀਆਂ ਅਤੇ ਫਲਾਂ ਨੂੰ ਕੀਤਾ ਨਸ਼ਟ

***ਲੋਕਾਂ ਦੀ ਸਿਹਤ ਨਾਲ ਖਿਲਵਾੜ ਕਰਨ ਵਾਲਿਆ ਖਿਲਾ.ਫ ਹੋਵੇਗੀ ਸਖ਼ਤ ਕਾਰਵਾਈ- ਸਹਾਇਕ ਕਮਿਸ਼ਨਰ ਫੂਡ**

***ਸਿਹਤ ਵਿਭਾਗ ਵੱਲੋਂ ਖਾਦ ਪਦਾਰਥਾਂ ਦੀ ਜਾਂਚ ਲਈ ਟੀਮਾਂ ਗਠਿਤ-ਸਿਵਲ ਸਰਜਨ**

ਫਾਜ਼ਿਲਕਾ, 7 ਅਪ੍ਰੈਲ:

ਡਿਪਟੀ ਕਮਿਸ਼ਨਰ ਸ੍ਰੀ ਅਰਵਿੰਦ ਪਾਲ ਸਿੰਘ ਸੰਧੂ ਦੀਆਂ ਹਦਾਇਤਾਂ ਅਤੇ ਸਿਵਲ ਸਰਜਨ ਡਾ. ਸੁਰਿੰਦਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ 'ਤੇ ਲੋਕਾਂ ਨੂੰ ਮਿਆਰੀ ਖਾਦ ਪਦਾਰਥ ਮੁਹੱਈਆ ਕਰਵਾਉਣ ਲਈ ਵਿੱਢੀ ਮੁਹਿੰਮ ਤਹਿਤ ਅੱਜ ਸਿਹਤ ਵਿਭਾਗਾਂ ਦੀਆਂ ਟੀਮਾਂ ਵੱਲੋਂ ਸ਼ਬਜੀ ਮੰਡੀ ਦਾ ਦੌਰਾ ਕੀਤਾ ਗਿਆ। ਟੀਮ 'ਚ ਸ਼ਾਮਿਲ ਸਹਾਇਕ ਕਮਿਸ਼ਨਰ ਫੂਡ ਸ੍ਰੀ ਕਮਲਪ੍ਰੀਤ ਸਿੰਘ ਅਤੇ ਫੂਡ ਸੇਫਟੀ ਅਫ਼ਸਰ ਗਗਨਦੀਪ ਕੌਰ ਨੇ ਫਾਜ਼ਿਲਕਾ ਮੰਡੀ ਅੰਦਰ ਫਲਾਂ ਅਤੇ ਸ਼ਬਜੀਆਂ ਦੀ ਗੁਣਵਤਾ ਦਾ ਜਾਇਜ਼ਾ ਲਿਆ।

ਫੂਡ ਸੇਫਟੀ ਐਕਟ ਦੇ ਨਿਯਮਾਂ ਤਹਿਤ ਫਾਜ਼ਿਲਕਾ ਮੰਡੀ ਅੰਦਰ ਚੈਕਿੰਗ ਦੌਰਾਨ ਕੁੱਝ ਰੇਹੜੀਆਂ ਅਤੇ ਦੁਕਾਨਦਾਰਾਂ ਵੱਲੋਂ ਮਾੜੀ ਕੁਆਲਟੀ ਦੀ ਸ਼ਬਜੀ ਅਤੇ ਫਲ ਵੇਚ ਕੇ ਲੋਕਾਂ ਦੀ ਸਿਹਤ ਦਾ ਖਿਲਵਾੜ ਕਰਨ ਦਾ ਮਾਮਲਾ ਸਾਮ੍ਹਣਾ ਆਇਆ ਜਿਸਨੂੰ ਗੰਭੀਰਤਾ ਨਾਲ ਲੈਂਦਿਆਂ ਸਿਹਤ ਵਿਭਾਗ ਦੀ ਟੀਮ ਵੱਲੋਂ ਤੁਰੰਤ ਕਾਰਵਾਈ ਅਮਲ 'ਚ ਲਿਆਦਿਆਂ 160 ਕਿਲੋ ਤੋਂ ਵਧੇਰੇ ਫਲ ਅਤੇ ਸ਼ਬਜੀਆਂ ਨੂੰ ਨਸ਼ਟ ਕੀਤਾ ਗਿਆ।

ਸਹਾਇਕ ਕਮਿਸ਼ਨਰ ਫੂਡ ਸ੍ਰੀ ਕਮਲਪ੍ਰੀਤ ਸਿੰਘ ਨੇ ਸਮੂਹ ਰੇਹੜੀਆਂ ਅਤੇ ਦੁਕਾਨਦਾਰਾਂ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਭਵਿੱਖ ਅੰਦਰ ਅਜਿਹਾ ਮਾਮਲਾ ਮਿਲਣ 'ਤੇ ਫੂਡ ਸੇਫਟੀ ਐਕਟ ਤਹਿਤ ਕਾਨੂੰਨੀ ਕਾਰਵਾਈ ਅਮਲ 'ਚ ਲਿਆਂਦੀ ਜਾਵੇਗੀ। ਉਨ੍ਹਾਂ ਕਿਹਾ ਕਿ ਭਵਿੱਖ ਅੰਦਰ ਅਜਿਹੀ ਚੈਕਿੰਗ ਪ੍ਰਕਿਰਿਆ ਜਾਰੀ ਰਹੇਗੀ ਅਤੇ ਉਲੰਘਣਾ ਕਰਨ ਵਾਲੇ ਨੂ ਜੁਰਮਾਨੇ ਦੇ ਨਾਲ ਐਕਟ ਮੁਤਾਬਿਕ ਕਾਨੂੰਨੀ ਕਾਰਵਾਈ ਦੇ ਦਾਇਰੇ 'ਚ ਲਿਆਂਦਾ ਜਾਵੇਗਾ।

ਸਿਵਲ ਸਰਜਨ ਡਾ. ਸੁਰਿੰਦਰ ਸਿੰਘ ਨੇ ਦੱਸਿਆ ਕਿ ਸਿਹਤ ਵਿਭਾਗ ਜਿੱਥੇ ਕਰੋਨਾ ਵਾਈਰਸ ਦੀ ਬਿਮਾਰੀ ਬਾਰੇ ਲੋਕਾਂ ਨੂੰ ਸੁਚੇਤ ਕਰਨ ਲਈ ਕਾਰਜਸੀਲ ਹੈ, ਉਥੇ ਲੋਕਾਂ ਤੱਕ ਪਹੁੰਚਣ ਵਾਲੇ ਖਾਦ ਪਦਾਰਥਾਂ ਦੀ ਜਾਂਚ ਲਈ ਟੀਮਾਂ ਗਠਿਤ ਕੀਤੀਆ ਗਈਆ ਹਨ। ਉਨ੍ਹਾਂ ਕਿਹਾ ਕਿ ਫੂਡ ਸੇਫਟੀ ਐਕਟ ਤਹਿਤ ਗਠਿਤ ਟੀਮਾਂ ਨੂੰ ਰੋਜ਼ਾਨਾ ਵੱਖ ਵੱਖ ਮੰਡੀਆਂ ਅਤੇ ਹੋਰ ਖਾਦ ਸਮੱਗਰੀ ਦੀ ਗੁਣਵਤਾ ਦੀ ਜਾਂਚ ਕਰਨ ਲਈ ਆਦੇਸ਼ ਜਾਰੀ ਕੀਤੇ ਗਏ ਹਨ, ਤਾਂ ਜੋ ਲੋਕਾਂ ਨੂੰ ਖਾਣ ਪੀਣ ਦੀ ਵਸਤੂਆਂ ਨਾਲ ਕਿਸੇ ਹੋਰ ਬਿਮਾਰੀ ਦਾ ਸ਼ਿਕਾਰ ਨਾ ਹੋਣਾ ਪਵੇ।